# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 27-05-2024**

- ਪੰਜਾਬ ਵਿਚ ਲੋਕਸਭਾ ਚੋਣਾਂ ਦੇ 7ਵੇਂ ਤੇ ਆਖਰੀ ਗੇੜ ਵਿਚ, ਪਹਿਲੀ ਜੂਨ ਨੂੰ ਹੋਣ ਵਾਲੀ ਵੋਟਿੰਗ ਲਈ, ਹੁਣ ਚੋਣ ਪ੍ਰਚਾਰ ਪੂਰੀ ਤਰ੍ਹਾਂ ਨਾਲ ਭਖ ਗਿਆ ਏ।
- ਵੱਖ ਵੱਖ ਪਾਰਟੀਆਂ ਦੇ ਆਗੂਆਂ ਦੀਆਂ ਰੈਲੀਆਂ ਤੇ ਰੋਡ ਸ਼ੋ ਦਾ ਸਿਲਸਿਲਾ ਜਾਰੀ।
- ਪੰਜਾਬ ਦੀਆਂ ਮੰਡੀਆਂ ਵਿਚ 131 ਲੱਖ 94 ਹਜ਼ਾਰ ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਏ।
- ਪੰਜਾਬ ਵਿਚ ਪਿਛਲੇ ਕਈ ਦਿਨਾਂ ਤੋਂ ਜਬਰਦਸਤ ਕਹਿਰ ਢਾ ਰਹੀ ਝੁਲਸਾ ਦੇਣ ਵਾਲੀ ਗਰਮੀ ਦਾ ਜ਼ੋਰ ਹੁਣ ਲਗਾਤਾਰ ਵਧਦਾ ਹੀ ਜਾ ਰਿਹਾ ਏ, ਲੋਕਾਂ ਨੂੰ ਸਾਵਧਾਨੀ ਵਰਤਣ ਦੀ ਅਪੀਲ।

---

ਪੰਜਾਬ ਵਿਚ ਲੋਕਸਭਾ ਚੋਣਾਂ ਦੇ 7ਵੇਂ ਤੇ ਆਖਰੀ ਗੇੜ ਵਿਚ ਪਹਿਲੀ ਜੂਨ ਨੂੰ ਹੋਣ ਵਾਲੀ ਵੋਟਿੰਗ ਲਈ ਹੁਣ ਚੋਣ ਪ੍ਰਚਾਰ ਪੂਰੀ ਤਰ੍ਹਾਂ ਨਾਲ

ਭਖ ਗਿਆ ਏ। ਵੱਖ ਵੱਖ ਸਿਆਸੀ ਪਾਰਟੀਆਂ ਦੇ ਵੱਡੇ ਆਗੂ ਪ੍ਰਚਾਰ ਵਿਚ ਰੁਝੇ ਹੋਏ ਨੇ। ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਨੇ ਅੰਮ੍ਰਿਤਸਰ ਵਿਖੇ ਵਪਾਰੀਆਂ ਨਾਲ ਅਹਿਮ ਮੀਟਿੰਗ ਕੀਤੀ। ਉਨ੍ਹਾਂ ਕਿਹਾ ਕਿ ਉਹ ਪਹਿਲਾਂ ਵੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਅੰਮ੍ਰਿਤਸਰ, ਲੁਧਿਆਣਾ, ਜਲੰਧਰ ਅਤੇ ਮੋਹਾਲੀ 'ਚ ਵਪਾਰੀਆਂ ਨਾਲ ਮੀਟਿੰਗ ਕਰ ਚੁਕੇ ਨੇ, ਜਿਥੇ ਵਪਾਰੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਹੱਲ ਵੀ ਕੀਤੀਆਂ ਨੇ। ਉਨ੍ਹਾਂ ਕਿਹਾ ਵਪਾਰੀ ਅਤੇ ਉਦਯੋਗਪਤੀ ਦਾ ਦੇਸ਼ ਦੀ ਅਰਥ-ਵਿਵਸਥਾ ਵਿਚ ਅਹਿਮ ਯੋਗਦਾਨ ਹੁੰਦਾ ਏ ਅਤੇ ਜੇਕਰ ਇਹ ਖੁਸ਼ ਨਾ ਹੋਏ ਤਾਂ ਦੇਸ਼ ਅੱਗੇ ਨਹੀਂ ਵੱਧ ਸਕੇਗਾ, ਕਿਉਂਕਿ ਇਹ ਦੇਸ਼ ਦੀ ਅਰਥ-ਵਿਵਸਥਾ ਦੀ ਰੀੜ ਨੇ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਸਰਕਾਰ ਨੂੰ ਤੁਹਾਡੀਆਂ ਸਮੱਸਿਆਵਾਂ ਪਤਾ ਨੇ ਇਸ ਲਈ ਸਮੱਸਿਆਵਾਂ ਦੇ ਹੱਲ 'ਤੇ ਕੰਮ ਕੀਤਾ ਜਾ ਰਿਹਾ ਏ। ਉਨ੍ਹਾਂ ਕਿਹਾ ਪੰਜਾਬ ਦੇ ਲੋਕਾਂ ਨੇ ਪਾਰਟੀ ਨੂੰ 92 ਵਿਧਾਨਸਭਾ ਸੀਟਾਂ ਦਿੱਤੀਆਂ ਅਤੇ ਹੁਣ ਕੇਂਦਰ 'ਚ ਵੀ ਤਾਕਤ ਵਧਾਓ ਤਾਂ ਜੋ ਸਾਰੇ ਮਸਲੇ ਹੱਲ ਹੋ ਸਕਣ। ਏਧਰ ਮੁੱਖਮੰਤਰੀ ਭਗਵੰਤ ਸਿੰਘ ਮਾਨ ਨੇ ਖਡੂਰ ਸਾਹਿਬ ਹਲਕੇ ਵਿਚ ਚੋਣ ਪ੍ਰਚਾਰ ਕੀਤਾ ਉਨਾਂ BJP ਤੇ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਦੀ ਤਿੱਖੀ ਆਲੋਚਨਾ ਕੀਤੀ ਅਤੇ ਕਿਹਾ ਕਿ ਇਨ੍ਹਾਂ ਨੇ ਲੋਕਾਂ ਦਾ ਬਹੁਤ ਨੁਕਸਾਨ ਕੀਤਾ ਏ। ਉਨਾਂ ਕਿਹਾ

ਕਿ ਕਾਂਗਰਸ ਪਾਰਟੀ ਵੀ ਇਨਾਂ ਦੋਹਾਂ ਤੋਂ ਕੋਈ ਵੱਖਰੀ ਨਹੀਂ ਏ। ਉਨਾਂ ਚੋਣਾਂ ਤੋਂ ਬਾਅਦ ਖਡੂਰ ਸਾਹਿਬ ਦੀਆਂ ਸਮੱਸਿਆਵਾਂ ਦੇ ਹੱਲ ਦਾ ਭਰੋਸਾ ਦਵਾਇਆ।

---------------------------------------------------

ਇਸ ਦੌਰਾਨ ਕਾਂਗਰਸ ਪਾਰਟੀ ਦੇ ਪ੍ਰਧਾਨ ਮਾਲਿਕਾ-ਰਜੁਨ ਖੜਗੇ ਦੇ ਵੀ 28 ਤੇ 29 ਮਈ ਨੂੰ ਚੋਣ ਪ੍ਰਚਾਰ ਲਈ ਪੰਜਾਬ ਆਉਣ ਦਾ ਪ੍ਰੋਗਰਾਮ ਉਲੀਕਿਆ ਜਾ ਰਿਹਾ ਏ। ਦੱਸਿਆ ਜਾਂਦਾ ਏ ਕਿ ਮਾਝਾ, ਦੋਆਬਾ ਅਤੇ ਮਾਲਵਾ ਵਿਚ ਉਨਾਂ ਦੀਆਂ ਰੈਲੀਆਂ ਕਰਵਾਇਆਂ ਜਾਣਗੀਆਂ। ਇਸ ਤੋਂ ਅਲਾਵਾ ਰਾਹੁਲ ਗਾਂਧੀ ਦੇ ਵੀ ਇਕ ਵਾਰ ਫੇਰ ਪੰਜਾਬ ਆਉਣ ਦੀ ਸੰਭਾਵਨਾ ਏ। ਕਾਂਗਰਸ ਪਾਰਟੀ ਦੀ ਵਲੋਂ ਵੀ ਸੰਗਰੂਰ ਲੋਕ ਸਭਾ ਹਲਕੇ ਦੇ ਉਮੀਦਵਾਰ ਸੁਖਪਾਲ ਸਿੰਘ ਖਹਿਰਾ ਦੀ ਚੋਣ ਮੁਹਿੰਮ ਤਹਿਤ ਅੱਜ ਆਲ ਇੰਡੀਆ ਕਾਂਗਰਸ ਕਮੇਟੀ ਦੇ ਜਨਰਲ ਸਕੱਤਰ ਕੇ. ਸੀ. ਵੇਣੂਗੋਪਾਲ ਤੇ ਹਰੀਸ਼ ਚੌਧਰੀ ਬਰਨਾਲਾ ਪਹੁੰਚੇ। ਕੇ.ਸੀ. ਵੇਣੂਗੋਪਾਲ ਨੇ ਕਿਹਾ ਕਿ 4 ਜੂਨ ਨੂੰ ਗਠਜੋੜ ਦੀ ਸਰਕਾਰ ਬਣਨਾ ਤੈਅ ਏ।

---------------------------------------------------

ਲੋਕ ਸਭਾ ਹਲਕਾ ਸ੍ਰੀ ਆਨੰਦਪੁਰ ਸਾਹਿਬ ਤੋਂ ਭਾਰਤੀ ਜਨਤਾ ਪਾਰਟੀ

ਦੇ ਉਮੀਦਵਾਰ, ਡਾਕਟਰ ਸੁਭਾਸ਼ ਸ਼ਰਮਾ ਨੇ ਕਿਹਾ ਏ ਕਿ ਦੁਆਬੇ ਦੇ ਲੋਕਾਂ ਦੀ ਸਹੂਲਤ ਲਈ ਵਿਆਪਕ ਯੋਜਨਾਵਾਂ ਉਲੀਕੀਆਂ ਜਾਣਗੀਆਂ। ਅੱਜ ਬਲਾਚੌਰ ਕੋਰਟ ਅਤੇ ਪਿੰਡ ਟਕਰਾਲਾ ਵਿੱਚ ਆਪਣੇ ਚੋਣ ਪ੍ਰਚਾਰ ਦੌਰਾਨ ਵੱਖ ਵੱਖ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਕਿਹਾ ਕਿ ਦੁਆਬੇ ਦੇ ਲੋਕਾਂ ਦੀ ਜੀਵਨ ਰੇਖਾ ਕੰਢੀ ਕੈਨਾਲ ਦਾ ਅਧੂਰਾ ਪਿਆ ਨਿਰਮਾਣ ਮੁਕੰਮਲ ਕਰਵਾ ਕੇ, ਇੱਥੋਂ ਦੇ ਆਮ ਜਨ ਜੀਵਨ ਅਤੇ ਕੁਦਰਤ ਤੇ ਨਿਰਭਰ ਕਿਸਾਨੀ ਦੀ ਕਾਇਆ ਕਲਪ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਨਵਾਂ ਸ਼ਹਿਰ ਵਿਖੇ ਸ਼ਹੀਦ ਭਗਤ ਸਿੰਘ ਜੀ ਦੇ ਨਾਮ ਤੇ ਇੱਕ ਸਰਕਾਰੀ ਮੈਡੀਕਲ ਕਾਲਜ ਅਤੇ ਇੱਕ ਹੁਨਰ ਵਿਕਾਸ ਕੇਂਦਰ ਸਥਾਪਤ ਕਰਨ ਤੋਂ ਅਲਾਵਾ ਬੰਗਾ ਵਿਖੇ ਇੱਕ ਵਿਸ਼ਵ ਪੱਧਰੀ ਬੀ-ਸਪੋਕ ਜੁੱਤੀਆਂ ਬਣਾਉਣ ਦਾ ਕੇਂਦਰ ਵੀ ਸਥਾਪਿਤ ਕੀਤਾ ਜਾਵੇਗਾ।

---------------------------------------------------------------

ਭਾਰਤੀ ਜਨਤਾ ਪਾਰਟੀ ਜਲੰਧਰ ਦੇ ਜਨਰਲ ਸਕੱਤਰ ਅਸ਼ੋਕ ਸਰੀਨ ਹਿੱਕੀ ਨੇ, ਲੋਕਸਭਾ ਹਲਕੇ ਤੋਂ ਕਾਂਗਰਸ ਦੇ ਉਮੀਦਵਾਰ ਚਰਨਜੀਤ ਸਿੰਘ ਚੰਨੀ ਵਲੋਂ BJP ਤੇ ਲਗਾਏ ਦੋਸ਼ਾਂ ਨੂੰ ਸਿਰਿਓਂ ਖਾਰਜ ਕਰਦਿਆਂ ਕਿਹਾ ਏ, ਕਿ ਜਲੰਧਰ ਦੇ ਲੋਕ ਸਮਝਦਾਰ ਨੇ ਅਤੇ ਅਸਲੀਅਤ ਨੂੰ ਪੂਰੀ ਤਰਾਂ ਨਾਲ ਜਾਣਦੇ ਨੇ। ਜਲੰਧਰ ਤੋਂ ਜਾਰੀ ਇਕ ਬਿਆਨ ਵਿਚ ਉਨਾਂ

ਕਿਹਾ ਕਿ ਆਮ ਆਦਮੀ ਪਾਰਟੀ ਦੇ ਨਾਲ ਨਾਲ ਕਾਂਗਰਸ ਪਾਰਟੀ ਵੀ ਸਮਾਜ ਵਿਚ ਨਸ਼ੇ ਦੇ ਫੈਲਾਵ ਲਈ ਜਿੱਮੇਦਾਰ ਏ।

---------------------------------------------------

ਪੰਜਾਬ ਦੇ ਪਟਿਆਲਾ ਲੋਕ ਸਭਾ ਹਲਕੇ ਵਿੱਚ ਵੀ ਸਖ਼ਤ ਮੁਕਾਬਲਾ ਵੇਖਣ ਨੂੰ ਮਿਲ ਰਿਹਾ ਏ। ਇੱਥੇ ਤਿੰਨ ਔਰਤਾਂ ਸਮੇਤ ਕੁੱਲ 26 ਉਮੀਦਵਾਰ ਆਪਣੀ ਕਿਸਮਤ ਅਜ਼ਮਾ ਰਹੇ ਨੇ। ਵੋਟਰਾਂ ਦੀ ਕੁੱਲ ਗਿਣਤੀ 18 ਲੱਖ 6 ਹਜ਼ਾਰ 424 ਏ ਜਿਸ ਵਿਚ 9 ਲੱਖ 44 ਹਜ਼ਾਰ 300 ਮਰਦ, 8 ਲੱਖ 62 ਹਜ਼ਾਰ 44 ਔਰਤ ਅਤੇ 80 ਥਰਡ ਜੈਂਡਰ ਵੋਟਰ ਸ਼ਾਮਲ ਨੇ। ਇਨਾਂ ਵੋਟਰਾਂ ਲਈ ਹਲਕੇ ਵਿਚ ਕੁਲ 2 ਹਜ਼ਾਰ 82 ਪੋਲਿੰਗ ਸਟੇਸ਼ਨ ਬਣਾਏ ਜਾਣਗੇ।

---------------------------------------------------

ਹਾੜੀ ਸੀਜਨ 2024-25 ਦੌਰਾਨ ਪੰਜਾਬ ਦੀਆਂ ਮੰਡੀਆਂ ਵਿੱਚ ਕਣਕ ਦੀ ਨਿਰਵਿਘਨ ਖ਼ਰੀਦ ਸਦਕਾ ਹੁਣ ਤੱਕ ਮੰਡੀਆਂ ਵਿੱਚ ਪਹੁੰਚੀ 131 ਲੱਖ 94 ਹਜ਼ਾਰ ਮੀਟ੍ਰਿਕ ਟਨ ਕਣਕ ਵਿੱਚੋਂ 131 ਇਸ਼ਾਰਿਆ 93 ਲੱਖ ਮੀਟ੍ਰਿਕ ਟਨ ਕਣਕ ਦੀ ਖ਼ਰੀਦ ਹੋ ਚੁੱਕੀ ਏ ਅਤੇ ਹੁਣ ਤੱਕ 127 ਲੱਖ 22 ਹਜ਼ਾਰ ਮੀਟ੍ਰਿਕ ਟਨ ਫਸਲ ਦੀ ਚੁਕਾਈ ਹੋ ਚੁੱਕੀ ਏ। ਪੰਜਾਬ

ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਦੱਸਿਆ ਕਿ ਪਿਛਲੇ ਸਾਲ ਨਾਲੋਂ ਸਰਕਾਰੀ ਖਰੀਦ ਵਿੱਚ 3 ਫੀਸਦੀ ਦਾ ਵਾਧਾ ਦਰਜ਼ ਕੀਤਾ ਗਿਆ ਏ। ਫ਼ਸਲ ਵੇਚ ਚੁੱਕੇ ਕਿਸਾਨਾਂ ਨੂੰ ਅਦਾਇਗੀ ਵੀ ਨਾਲੋਂ-ਨਾਲ ਕੀਤੀ ਜਾ ਰਹੀ ਏ ਅਤੇ ਇਸ ਤਹਿਤ 28 ਹਜ਼ਾਰ 236 ਕਰੋੜ ਰੁਪਏ ਤੋਂ ਵੱਧ ਦੀ ਰਕਮ ਅਦਾ ਕੀਤੀ ਜਾ ਚੁੱਕੀ ਏ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀ ਪੰਡਿਤ ਜਵਾਹਰ ਲਾਲ ਨਹਿਰੂ ਨੂੰ ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਭੇਟ ਕੀਤੀ ਏ। ਪ੍ਰਧਾਨ ਮੰਤਰੀ ਮੋਦੀ ਨੇ ਐਕਸ ਹੈਂਡਲ 'ਤੇ ਲਿਖਿਆ,ਉਹ ਸਾਬਕਾ ਪ੍ਰਧਾਨ ਮੰਤਰੀ ਪੰਡਿਤ ਜਵਾਹਰ ਲਾਲ ਨਹਿਰੂ ਜੀ ਨੂੰ ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਭੇਟ ਕਰਦੇ ਨੇ। 14 ਨਵੰਬਰ, 1889 ਨੂੰ ਇਲਾਹਾਬਾਦ, ਉੱਤਰ ਪ੍ਰਦੇਸ਼ ਵਿੱਚ ਜਨਮੇ ਪੰਡਤ ਨਹਿਰੂ ਦਾ ਭਾਰਤ ਦੇ ਇਤਿਹਾਸ ਵਿੱਚ ਅਹਿਮ ਸਥਾਨ ਏ। ਦੇਸ਼ ਦੀ ਆਜ਼ਾਦੀ ਤੋਂ ਬਾਅਦ ਉਨ੍ਹਾਂ ਨੂੰ ਸਰਬਸੰਮਤੀ ਨਾਲ ਦੇਸ਼ ਦਾ ਪ੍ਰਧਾਨ ਮੰਤਰੀ ਚੁਣਿਆ ਗਿਆ। ਉਨ੍ਹਾਂ ਲੰਮਾ ਸਮਾਂ ਦੇਸ਼ ਦੀ ਸੇਵਾ ਕੀਤੀ। 27 ਮਈ 1964 ਨੂੰ ਚਾਚਾ ਨਹਿਰੂ ਪੰਚਤੱਤ ਵਿੱਚ ਵਿਲੀਨ ਹੋ ਗਏ।

------------------------------------------------------------

ਪੰਜਾਬ ਵਿਚ ਪਿਛਲੇ ਕਈ ਦਿਨਾਂ ਤੋਂ ਜਬਰਦਸਤ ਕਹਿਰ ਢਾ ਰਹੀ ਝੁਲਸਾ ਦੇਣ ਵਾਲੀ ਗਰਮੀ ਦਾ ਜ਼ੋਰ ਹੁਣ ਲਗਾਤਾਰ ਵਧਦਾ ਹੀ ਜਾ ਰਿਹਾ ਏ। ਸਵੇਰ ਤੋਂ ਹੀ ਹਰ ਪਾਸਾ ਭੱਠੀ ਵਾਂਗ ਤਪਣਾ ਸ਼ੁਰੂ ਹੋ ਜਾਂਦਾ ਏ। ਇਸ ਨਾਲ ਜਨਜੀਵਨ ਬੁਰੀ ਤਰਾਂ ਨਾਲ ਪ੍ਰਭਾਵਤ ਹੋਇਆ ਏ। ਮੌਸਮ ਵਿਭਾਗ ਨੇ 31 ਮਈ ਤਕ ਜਬਰਦਸਤ ਗਰਮੀ ਤੇ ਲੂ ਸੰਬੰਧੀ ਓਰੇਂਜ, ਰੇਡ ਅਤੇ ਯੈਲੋ ਅਲਰਟ ਜਾਰੀ ਕੀਤਾ ਏ। ਅਤ ਦੀ ਇਸ ਗਰਮੀ ਨੇ ਲੋਕਾਂ ਦੀ ਬਸ ਕਰਵਾ ਦਿੱਤੀ ਏ ਅਤੇ ਉਹ ਬੇਹੱਦ ਹੀ ਪਰੇਸ਼ਾਨ ਨੇ। ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੂ ਦੇ ਇਸ ਗੰਭੀਰ ਹਾਲਾਤ ਨੂੰ ਵੇਖ ਹੋਏ ਲੋਕਾਂ ਨੂੰ ਸਵੇਰ 11 ਤੋਂ ਸ਼ਾਮ 4 ਵਜੇ ਤਕ ਬਾਹਰ ਜਾਣ ਤੋਂ ਪਰਹੇਜ ਕਰਨ ਦੀ ਸਲਾਹ ਦਿੱਤੀ ਏ।